# ਸੋਮਵਾਰ 9 ਜੁਲਾਈ 2018 ਤੋਂ ਐਤਵਾਰ 15 ਜੁਲਾਈ 2018 ਤੱਕ

- **9.7.18 ਸੋਮਵਾਰ:-** ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਨ ਹੈ।

- **11.7.18 ਬੁੱਧਵਾਰ: -**
- **9.50 ਵਜੇ:-**ਸ਼ ਜਸਵਿੰਦਰ ਸਿੰਘ ਜੀ ਤੂਰ ਦਾ Funeral. Body @ Gurdwara 9.50 AM
- **4.30 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ

- **12.7.18 ਵੀਰਵਾਰ:- 6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

**13.7.18 ਸ਼ੁਕਰਵਾਰ:- 10.00 ਵਜ਼ੇ:-** ਸਾਧ ਸੰਗਤ ਵੱਲੋ ਭਾਈ ਮਨੀ ਸਿੰਘ ਜੀ ਦੇ ਸ਼ਹੀਦੀ ਦਿਨ ਦੇ ਸਬੰਧ'ਚ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।

**14.7.18 ਸ਼ਨਿਚਰਵਾਰ: -**

- **11.00 ਵਜੇ:-** ਸ ਰਣਵੀਰ ਸਿੰਘ ਰਾਏ ਅਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
- **2.00 ਵਜੇ:-** ਸ ਕੁਲਦੀਪ ਸਿੰਘ ਧੋਥੜ ਅਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
- **4.00 ਵਜ਼ੇ:-** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- **15.7.18 ਐਤਵਾਰ:- 9.00 ਵਜ਼ੇ: -** ਸਾਧ ਸੰਗਤ ਵਲੋਂ ਭਾਈ ਮਨੀ ਸਿੰਘ ਜੀ ਦੇ ਸ਼ਹੀਦੀ ਦਿਨ ਦੇ ਸਬੰਧ'ਚ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 9.00 ਵਜ਼ੇ ਪੈਣਗੇ ਉਪਰੰਤ ਸ ਸੁਰਜੀਤ ਸਿੰਘ ਸ਼ੇਖੋਂ ਅਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਸਤਿਕਾਰਯੋਗ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ।
- Parents meeting and progress Report (Punjabi School & Sikhi classes)

- **16 ਜੁਲਾਈ ਸੰਗ੍ਰਾਂਦ ਸਾਉਣ, 16 ਜੁਲਾਈ ਸ਼ਹੀਦੀ ਭਾਈ ਤਾਰੂ ਸਿੰਘ ਜੀ, 21 ਜੁਲਾਈ ਮੀਰੀ-ਪੀਰੀ ਦਿਵਸ ਪਾਤਸ਼ਾਹੀ ਛੇਵੀਂ, 23 ਜੁਲਾਈ ਪ੍ਰਕਾਸ਼ ਸ੍ਰੀ ਗੁਰੁ ਹਰਿਕ੍ਰਿਸ਼ਨ ਸਾਹਿਬ ਜੀ ,31 ਜੁਲਾਈ ਸ਼ਹੀਦੀ ਦਿਨ ਸ ਉਧਮ ਸਿੰਘ ਜੀ**

- **Day & Time to book wedding in the Gurdwara Sahib: -**
- **Wednesday: 11.00 AM –1.00 PM**
- **Saturday: 11.00AM --1.00 PM**
- **Sunday: 11.00AM--.1.00PM.**
- **Contact S Mohinder Singh Maan (General Secretary) 01274- 727938, Mob: - 07443873710**

## ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਜੀ

- ਸਿੱਖ ਕੌਮ ਦੀ ਆਨ ਤੇ ਸ਼ਾਨ ਲਈ ਹੱਸ-ਹੱਸ ਕੇ ਕੁਰਬਾਨੀ ਦੇਣ ਵਾਲੇ ਮਹਾਨ ਸ਼ਹੀਦਾਂ ਦੇ ਇਤਿਹਾਸ ਵਿਚ ਭਾਈ ਤਾਰੂ ਸਿੰਘ ਜੀ ਸ਼ਹੀਦ ਦਾ ਨਾਂਅ ਸੁਨਹਿਰੀ ਅੱਖਰਾਂ ਵਿਚ ਅੰਕਿਤ ਹੈ। ਆਪ ਨੇ ਸਮੇਂ ਦੀ ਹਕੂਮਤ ਵੱਲੋਂ ਢਾਹੇ ਗਏ ਜ਼ੁਲਮ ਅਤੇ ਕਹਿਰ ਨੂੰ ਖਿੜੇ-ਮੱਥੇ ਸਹਾਰਦਿਆਂ ਕੇਸਾਂ ਦੀ ਰਾਖੀ ਲਈ ਖੋਪਰੀ ਉਤਰਵਾ ਕੇ ਕੁਰਬਾਨੀ ਦੇ ਬੇਮਿਸਾਲ ਪੂਰਨੇ ਪਾਏ।

  ਇਤਿਹਾਸ ਅਨੁਸਾਰ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ ਦੀ ਸ਼ਹੀਦੀ ਉਪਰੰਤ ਮੁਗਲਾਂ ਵੱਲੋਂ ਸਿੱਖਾਂ

ਉੱਤੇ ਸਖ਼ਤੀ ਦਾ ਦੌਰ ਸ਼ੁਰੂ ਹੋਇਆ। ਲਾਹੌਰ ਦੇ ਗਵਰਨਰ ਜ਼ਕਰੀਆ ਖਾਨ ਨੇ ਤਾਂ ਅੱਤ ਹੀ ਚੁੱਕ ਲਈ। ਸਿੱਖਾਂ ਦੇ ਸਿਰਾਂ ਦੇ ਮੁੱਲ ਰੱਖ ਦਿੱਤੇ ਗਏ ਅਤੇ ਚੁਣ-ਚੁਣ ਕੇ ਸਿੱਖਾਂ ਨੂੰ ਮਾਰਿਆ ਜਾਣ ਲੱਗਾ। ਮੌਕੇ ਦੀ ਨਜ਼ਾਕਤ ਨੂੰ ਪਛਾਣਦੇ ਹੋਏ ਸਿੰਘਾਂ ਨੇ ਸੰਘਣੇ ਜੰਗਲਾਂ ਵਿਚ ਜਾ ਨਿਵਾਸ ਕੀਤਾ। ਉਥੇ ਰਹਿ ਕੇ ਜਥੇਬੰਦਕ ਤਿਆਰੀਆਂ ਕਰਨ ਲੱਗੇ ਅਤੇ ਜਦੋਂ ਸਮਾਂ ਮਿਲਦਾ, ਹਕੂਮਤ ਨਾਲ ਟੱਕਰ ਵੀ ਲੈਂਦੇ। ਇਲਾਕੇ ਦੇ ਸਿੰਘ, ਜੰਗਲਾਂ ਵਿਚ ਰਹਿ ਰਹੇ ਵੀਰਾਂ ਦੇ ਲੰਗਰ-ਪਾਣੀ ਦੀ ਸੇਵਾ ਬੜੇ ਉਤਸ਼ਾਹ ਨਾਲ ਕਰਦੇ। ਪਿੰਡ ਪੂਹਲਾ ਜ਼ਿਲ੍ਹਾ ਅੰਮ੍ਰਿਤਸਰ (ਹੁਣ ਤਰਨ ਤਾਰਨ) ਦੇ ਵਸਨੀਕ ਭਾਈ ਤਾਰੂ ਸਿੰਘ ਵੀ ਇਨ੍ਹਾਂ ਸਿਦਕੀ ਸਿੰਘਾਂ ਵਿਚੋਂ ਇਕ ਸਨ। ਆਪ ਪਿੰਡ ਵਿਚ ਖੇਤੀਬਾੜੀ ਕਰਦੇ ਸਨ ਅਤੇ ਜਦੋਂ ਵੀ ਕਿਸੇ ਸਿੱਖ ਜਥੇ ਦੀ ਆਮਦ ਦਾ ਪਤਾ ਲਗਦਾ ਤਾਂ ਆਪ ਨੂੰ ਚਾਅ ਚੜ੍ਹ ਜਾਂਦਾ। ਆਪ ਜੀ ਦੀ ਭੈਣ ਅਤੇ ਮਾਤਾ ਜੀ ਬੜੇ ਪ੍ਰੇਮ ਨਾਲ ਲੰਗਰ ਤਿਆਰ ਕਰਦੇ ਅਤੇ ਭਾਈ ਤਾਰੂ ਸਿੰਘ ਜਥੇ ਦੇ ਸਿੰਘਾਂ ਪਾਸ ਲੰਗਰ ਪਹੁੰਚਾਉਣ ਦੀ ਸੇਵਾ ਕਰਦੇ। ਜਿਥੇ ਸਿਦਕੀ ਸਿੰਘ, ਮੁਸੀਬਤ ਵਿਚ ਘਿਰੇ ਆਪਣੇ ਵੀਰਾਂ ਦੀ ਸੇਵਾ ਲਈ ਨਿੱਤਰ ਕੇ ਸਾਹਮਣੇ ਆ ਰਹੇ ਸਨ, ਉਥੇ ਸਿੰਘਾਂ ਨਾਲ ਵੈਰ ਕਮਾਉਣ ਵਾਲੇ ਦੋਖੀਆਂ ਦੀ ਵੀ ਕੋਈ ਕਮੀ ਨਹੀਂ ਸੀ। ਜੰਡਿਆਲੇ ਦੇ ਹਰਭਗਤ ਨਿਰੰਜਨੀਏ ਨੇ ਜ਼ਕਰੀਆ ਖਾਨ ਪਾਸ ਜਾ ਕੇ ਭਾਈ ਤਾਰੂ ਸਿੰਘ ਦੇ ਖਿਲਾਫ਼ ਸ਼ਿਕਾਇਤ ਕੀਤੀ ਕਿ ਕਿਵੇਂ ਉਹ ਹਕੂਮਤ ਨਾਲ ਟੱਕਰ ਲੈ ਰਹੇ ਸਿੰਘਾਂ ਦੀ ਟਹਿਲ-ਸੇਵਾ ਕਰਕੇ ਸਰਕਾਰੀ ਹੁਕਮਾਂ ਦੀ ਉਲੰਘਣਾ ਕਰ ਰਿਹਾ ਹੈ :

ਹਰਭਗਤ ਨਿਰੰਜਨੀਏਂ ਯੌਂ ਫਿਰ ਕਹੀ। ਪੂਲ੍ਹੋ ਪਿੰਡ ਇਕ ਮਾਝੇ ਅਹੀ।
ਤਾਰੂ ਸਿੰਘ ਤਹਿਂ ਖੇਤੀ ਕਰੈ। ਸਾਥ ਪਿੰਡ ਵਹਿ ਹਾਲਾ ਭਰੈ।
ਦੇਹ ਹਾਕਮ ਕਛੁ ਥੋੜਾ ਖਾਵੈ। ਬਚੈ ਸਿੰਘਨ ਕੇ ਪਾਸ ਪੁਚਾਵੈ।
(ਪ੍ਰਾਚੀਨ ਪੰਥ ਪ੍ਰਕਾਸ਼)

ਜ਼ਕਰੀਆ ਖਾਨ ਇਹ ਕੁਝ ਸੁਣ ਕੇ ਗੁੱਸੇ ਵਿਚ ਲਾਲ-ਪੀਲਾ ਹੋ ਗਿਆ ਅਤੇ ਤੁਰੰਤ ਭਾਈ ਤਾਰੂ ਸਿੰਘ ਨੂੰ ਗ੍ਰਿਫ਼ਤਾਰ ਕਰਨ ਲਈ ਹੁਕਮ ਜਾਰੀ ਕਰ ਦਿੱਤੇ। ਭਾਈ ਤਾਰੂ ਸਿੰਘ ਨੂੰ ਬੰਦੀ ਬਣਾ ਕੇ ਲਾਹੌਰ ਲਿਜਾਇਆ ਗਿਆ ਅਤੇ ਭਾਰੀ ਤਸੀਹੇ ਦਿੱਤੇ ਜਾਣ ਲੱਗੇ। ਪਰ ਗੁਰੂ ਕਾ ਸਿੰਘ ਹਕੂਮਤ ਦੇ ਹਰ ਤਰ੍ਹਾਂ ਦੇ ਜ਼ੁਲਮਾਂ ਨੂੰ ਖਿੜੇ-ਮੱਥੇ ਬਰਦਾਸ਼ਤ ਕਰਦਾ ਰਿਹਾ।

ਭਾਈ ਤਾਰੂ ਸਿੰਘ ਨੂੰ ਨਵਾਬ ਜ਼ਕਰੀਆ ਖਾਨ ਦੀ ਕਚਹਿਰੀ ਵਿਚ ਪੇਸ਼ ਕੀਤਾ ਗਿਆ, ਜਿਥੇ ਭਾਈ ਸਾਹਿਬ ਨੂੰ ਸਿੱਖੀ ਤਿਆਗ ਕੇ ਇਸਲਾਮ ਧਰਮ ਅਖ਼ਤਿਆਰ ਕਰਨ ਲਈ ਕਈ ਤਰ੍ਹਾਂ ਦੇ ਲੋਭ-ਲਾਲਚ ਦਿੱਤੇ ਗਏ, ਪਰ ਉਹ ਆਪਣੇ ਅਕੀਦੇ 'ਤੇ ਅਟੱਲ ਰਹੇ। ਭਾਈ ਸਾਹਿਬ ਦਾ ਗੁਰਸਿੱਖੀ ਪ੍ਰਤੀ ਦ੍ਰਿੜ੍ਹ ਨਿਸਚਾ ਵੇਖ ਕੇ ਸੂਬੇ ਨੇ ਭਾਈ ਸਾਹਿਬ ਦੇ ਕੇਸ ਕਤਲ ਕਰਨ ਦਾ ਹੁਕਮ ਸੁਣਾ ਦਿੱਤਾ। ਇਸ 'ਤੇ ਭਾਈ ਸਾਹਿਬ ਨੇ ਬਚਨ ਕੀਤਾ ਕਿ ਕੇਸ ਜੋ ਮੇਰੇ ਗੁਰੂ ਦੀ ਅਮਾਨਤ ਹਨ, ਤੁਸੀਂ ਇਨ੍ਹਾਂ ਨੂੰ ਅਲਹਿਦਾ ਨਹੀਂ ਕਰ ਸਕਦੇ। ਜਦ ਜ਼ਾਲਮਾਂ ਵੱਲੋਂ ਭਾਈ ਸਾਹਿਬ ਦੇ ਕੇਸ ਕਤਲ ਕਰਨ ਦੇ ਸਾਰੇ ਹੀਲੇ ਨਾਕਾਮਯਾਬ ਰਹੇ ਤਾਂ ਜ਼ਕਰੀਆਂ ਖਾਨ ਨੇ ਜਲਾਦ ਨੂੰ ਭਾਈ ਤਾਰੂ ਸਿੰਘ ਦੀ ਖੋਪਰੀ ਉਤਾਰਨ ਦਾ ਹੁਕਮ ਦਿੱਤਾ। ਇਹ ਫ਼ਰਮਾਨ ਸੁਣ ਕੇ ਭਾਈ ਸਾਹਿਬ ਨੂੰ ਦੁੱਖ ਨਾ ਹੋਇਆ, ਬਲਕਿ ਡਾਢਾ ਚਾਅ ਚੜ੍ਹ ਗਿਆ ਕਿ ਹੁਣ ਮੈਂ ਦਸਮੇਸ਼ ਪਿਤਾ ਜੀ ਦੇ ਸਾਹਮਣੇ ਸਾਬਤ-ਸੂਰਤ ਹਾਜ਼ਰ ਹੋ ਕੇ ਖੁਸ਼ੀਆਂ ਦਾ ਪਾਤਰ ਬਣ ਸਕਾਂਗਾ। ਜਲਾਦ ਰੰਬੀ ਨਾਲ ਭਾਈ ਸਾਹਿਬ ਦੀ ਖੋਪਰੀ ਉਤਾਰ ਰਿਹਾ ਸੀ ਤੇ ਆਪ ਜਪੁਜੀ ਸਾਹਿਬ ਦਾ ਪਾਠ ਕਰ ਰਹੇ ਸਨ। ਏਨਾ ਕੁਝ ਹੁੰਦਿਆਂ ਵੀ ਆਪ ਦੇ ਮੂੰਹ ਤੋਂ 'ਸੀ' ਤੱਕ ਨਾ ਨਿਕਲੀ।

ਭਾਈ ਤਾਰੂ ਸਿੰਘ ਚਾਹੁੰਦੇ ਤਾਂ ਧਰਮ ਛੱਡ ਕੇ ਆਪਣੀ ਜਾਨ ਬਚਾਅ ਸਕਦੇ ਸਨ ਅਤੇ ਹਕੂਮਤ ਵੱਲੋਂ ਮਿਲਣ ਵਾਲੀਆਂ ਪਦਵੀਆਂ ਨੂੰ ਪ੍ਰਾਪਤ ਕਰ ਸਕਦੇ ਸਨ। ਪਰ ਆਪ ਨੇ ਸਿੱਖੀ ਨੂੰ ਕੇਸਾਂ-ਸੁਆਸਾਂ ਸੰਗ ਨਿਭਾਅ ਕੇ ਕੌਮ ਲਈ ਅਨੋਖੇ ਪੂਰਨੇ ਪਾਏ ਹਨ। ਹੱਸਦੇ ਹੋਏ ਖੋਪਰੀ ਲੁਹਾ ਕੇ ਆਪ ਨੇ ਇਹ ਦਰਸਾ ਦਿੱਤਾ ਕਿ ਸਿੱਖ ਲਈ ਉਸ ਦੇ ਕੇਸ ਜਾਨ ਤੋਂ ਵੀ ਪਿਆਰੇ ਹਨ। ਸਿੱਖ ਜਾਨ ਤਾਂ ਵਾਰ ਸਕਦਾ ਹੈ, ਪਰ ਕੇਸਾਂ ਦੀ ਬੇਅਦਬੀ ਨਹੀਂ ਸਹਾਰ ਸਕਦਾ। ਸੋ ਆਓ! ਸ਼ਹੀਦ ਭਾਈ ਤਾਰੂ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਗੁਰੂ ਦੀ ਬਖਸ਼ੀ ਹੋਈ ਦਾਤ 'ਕੇਸਾਂ' ਦੀ ਸਾਂਭ-ਸੰਭਾਲ ਲਈ ਤਤਪਰਤਾ ਨਾਲ ਪਹਿਰਾ ਦਿੰਦਿਆਂ ਸਿੱਖੀ ਸਰੂਪ ਤੋਂ ਦੂਰ ਹੋ ਚੁੱਕੇ ਨੌਜਵਾਨਾਂ ਨੂੰ ਮੁੜ ਸਿੱਖ ਫੁਲਵਾੜੀ ਨਾਲ ਜੋੜਨ ਲਈ ਇਕੱਠੇ ਹੋ ਕੇ ਉਪਰਾਲੇ ਕਰੀਏ ਅਤੇ ਗੁਰੂ ਦੀਆਂ ਖੁਸ਼ੀਆਂ ਦੇ ਪਾਤਰ ਬਣੀਏ।

-ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।